ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਤੇ ਸਿਖਲਾਈ ਵਿਭਾਗ, ਪੰਜਾਬ,
ਜਿਲ੍ਹਾ ਰੋਜ਼ਗਾਰ ਉਤਪਤੀ,ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ।

ਸੇਵਾ ਵਿਖੇ

ਜਿਲ੍ਹਾ ਸੂਚਨਾ ਅਫ਼ਸਰ,
ਸ਼ਹੀਦ ਭਗਤ ਸਿੰਘ ਨਗਰ।

ਨੰ: ਸਤੰਬਰ-21/ਰੋਜ਼ਗਾਰ ਮੇਲੇ/ 2213-15 ਮਿਤੀ: 27/08/2021

ਵਿਸ਼ਾ:- ਸੱਤਵੇਂ ਰਾਜ ਪੱਧਰੀ ਮੈਗਾ ਰੋਜ਼ਗਾਰ ਮੇਲੇ ਸਬੰਧੀ ਸੂਚਨਾ ਜਿਲ੍ਹਾ ਪ੍ਰਸ਼ਾਸਨ ਦੀ ਵੈਬਸਾਈਟ ਤੇ ਡਿਸਪਲੇ ਕਰਨ ਬਾਰੇ।

ਪੰਜਾਬ ਸਰਕਾਰ ਵੱਲੋਂ ਮਿਤੀ 09.09.2021 ਤੋਂ 17.09.2021 ਤੱਕ ਸੱਤਵੇਂ ਰਾਜ ਪੱਧਰੀ ਮੈਗਾ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਇਹਨਾਂ ਰੋਜ਼ਗਾਰ ਮੇਲਿਆਂ ਦਾ ਆਯੋਜਨ ਹੇਠ ਲਿਖੇ ਅਨੁਸਾਰ ਕੀਤਾ ਜਾਵੇਗਾ।

| ਲੜੀ ਨੰਬਰ | ਮਿਤੀ | ਸਮਾਂ | ਰੋਜ਼ਗਾਰ ਮੇਲੇ ਦਾ ਸਥਾਨ |
|---|---|---|---|
| 1. | 9 ਅਤੇ 10 ਸਤੰਬਰ 2021 | ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੱਕ | ਸਰਕਾਰੀ ਆਈ.ਟੀ.ਆਈ (ਲੜਕੇ), ਨਵਾਂਸ਼ਹਿਰ। |
| 2. | 14 ਸਤੰਬਰ 2021 | ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੱਕ | ਸਿੱਖ ਨੈਸ਼ਨਲ ਕਾਲਜ, ਬੰਗਾ। |
| 3. | 16 ਸਤੰਬਰ 2021 | ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੱਕ | ਰਿਆਤ ਗਰੁੱਪ ਆਫ ਇੰਸਟੀਚਿਊਸ਼ਨਜ਼, ਰੈਲ ਮਾਜਰਾ |

ਇਹਨਾਂ ਮੇਲਿਆਂ ਲਈ ਇੱਕਤਰ ਹੋਈਆਂ ਅਸਾਮੀਆਂ ਸਬੰਧੀ ਵਿਸਥਾਰਪੂਰਵਕ ਸੂਚਨਾ ਪੱਤਰ ਨਾਲ ਨੱਥੀ ਕਰਕੇ ਭੇਜੀ ਜਾ ਰਹੀ ਹੈ ਅਤੇ ਸੌਫਟ ਕਾਪੀ ਮੇਲੇ ਰਾਹੀਂ ਭੇਜੀ ਜਾ ਰਹੀ ਹੈ। ਕ੍ਰਿਪਾ ਕਰਕੇ ਮੇਲਿਆਂ ਸਬੰਧੀ ਸੂਚਨਾ ਜਿਲ੍ਹਾ ਪ੍ਰਸ਼ਾਸਨ ਦੀ ਵੈਬਸਾਈਟ ਤੇ ਮਿਤੀ 01.09.2021 ਤੋਂ 16.09.2021 ਸ਼ਾਮ 3:00 ਵਜੇ ਤੱਕ ਡਿਸਪਲੇ ਕੀਤੀ ਜਾਵੇ ਤਾਂ ਜੋ ਬੇਰੋਜ਼ਗਾਰ ਉਮੀਦਵਾਰਾਂ ਨੂੰ ਅਸਾਮੀਆਂ ਸਬੰਧੀ ਸੂਚਨਾ ਮਿਲ ਸਕੇ।

ਨੱਥੀ:

26/8/21

ਜਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ,
ਸ਼ਹੀਦ ਭਗਤ ਸਿੰਘ ਨਗਰ।

ਕਾਪੀ:-

1) ਪੀ.ਏ.ਟੂ ਡੀ.ਸੀ, ਸ਼ਹੀਦ ਭਗਤ ਸਿੰਘ ਨਗਰ ਨੂੰ ਮਾਨਯੋਗ ਡਿਪਟੀ ਕਮਿਸ਼ਨਰ ਜੀ ਦੀ ਸੂਚਨਾ ਹਿੱਤ ਭੇਜੀ ਜਾਂਦੀ ਹੈ।
2) ਮਾਣਯੋਗ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਸੀ.ਈ.ਓ, ਡੀ.ਬੀ.ਈ.ਈ ਸ਼ਹੀਦ ਭਗਤ ਸਿੰਘ ਨਗਰ ਜੀ ਨੂੰ ਸੂਚਨਾ ਹਿੱਤ ਭੇਜੀ ਜਾਂਦੀ ਹੈ।

26/8/21

ਜਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ,
ਸ਼ਹੀਦ ਭਗਤ ਸਿੰਘ ਨਗਰ।